# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-01-2025**

ਰਾਸ਼ਟਰਪਤੀ ਦਰੋਪਦੀ ਮੁਰਮੂ ਅੱਜ ਭੁਵਨੇਸ਼ਵਰ ਦੇ ਜਨਤਾ ਮੈਦਾਨ ਵਿੱਚ 18ਵੇਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਵਿਚ ਸ਼ਾਮਲ ਹੋਣਗੇ। ਰਾਸ਼ਟਰਪਤੀ ਲਗਭਗ 75 ਦੇਸ਼ਾਂ ਤੋਂ ਸੰਮੇਲਨ ਵਿੱਚ ਇਕੱਠੇ ਹੋਏ ਬਹੁਤ ਸਾਰੇ ਗੈਰ-ਨਿਵਾਸੀ (ਐਨ . ਆਰ . ਆਈ. ) ਭਾਰਤੀਆਂ ਨੂੰ ਸੰਬੋਧਨ ਕਰਨਗੇ। ਰਾਸ਼ਟਰਪਤੀ ਮੁਰਮੂ ਵੱਖ-ਵੱਖ ਖੇਤਰਾਂ ਵਿੱਚ ਉੱਤਮਤਾ ਲਈ ਭਾਰਤੀ ਭਾਈਚਾਰੇ ਦੇ ਵਿਸ਼ੇਸ਼ ਮੈਂਬਰਾਂ ਨੂੰ ਪ੍ਰਵਾਸੀ ਭਾਰਤੀ ਸਨਮਾਨ ਵੀ ਪ੍ਰਦਾਨ ਕਰਨਗੇ ।

---

ਮਹਾਂਕੁੰਭ 2025 ਨੂੰ ਸਮਰਪਿਤ ਆਕਾਸ਼ਵਾਣੀ ਦਾ ਕੁੰਭਵਾਨੀ ਚੈਨਲ ਅੱਜ ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਵਿੱਚ ਸ਼ੁਰੂ ਕੀਤਾ ਗਿਆ । ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਚੈਨਲ ਸ਼ੁਰੂ ਕੀਤਾ ।

ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਡਾ. ਐਲ. ਮੁਰੂਗਨ ਪ੍ਰੋਗਰਾਮ ਵਿਚ ਵਰਚੁਅਲੀ ਸ਼ਾਮਲ ਹੋਏ। ਆਕਾਸ਼ਵਾਣੀ ਦਾ ਕੁੰਭਵਾਨੀ ਚੈਨਲ ਕੱਲ੍ਹ ਤੋਂ 26 ਫਰਵਰੀ ਤੱਕ ਸਵੇਰੇ 5 ਵੱਜ ਕੇ 55 ਮਿੰਟ ਤੋਂ ਰਾਤੀਂ 10 ਵੱਜ ਕੇ 5 ਮਿੰਟ ਤੱਕ ਮਹਾਂਕੁੰਭ ਦੀ ਹਰ ਗਤੀਵਿਧੀ 'ਤੇ ਆਧਾਰਿਤ ਕਈ ਪ੍ਰੋਗਰਾਮ ਪ੍ਰਸਾਰਿਤ ਕਰੇਗਾ। ਸਮਾਰੋਹ ਵਿਚ ਪ੍ਰਸਾਰ ਭਾਰਤੀ ਦੇ ਚੇਅਰਮੈਨ ਡਾ. ਨਵਨੀਤ ਕੁਮਾਰ ਸਹਿਗਲ, ਮੁੱਖ ਕਾਰਜਕਾਰੀ ਅਧਿਕਾਰੀ ਗੌਰਵ ਦਿਵੇਦੀ, ਆਕਾਸ਼ਵਾਣੀ ਦੇ ਡਾਇਰੈਕਟਰ ਜਨਰਲ ਡਾ. ਪ੍ਰਗਿਆ ਪਾਲੀਵਾਲ ਗੌੜ, ਦੂਰਦਰਸ਼ਨ ਦੇ ਡਾਇਰੈਕਟਰ ਜਨਰਲ ਕੰਚਨ ਪ੍ਰਸਾਦ ਤੇ ਆਕਾਸ਼ਵਾਣੀ ਤੇ ਦੂਰਦਰਸ਼ਨ ਦੇ ਸੀਨੀਅਰ ਅਧਿਕਾਰੀ ਕਈ ਪਤਵੰਤਿਆਂ ਦੇ ਨਾਲ ਮੌਜੂਦ ਸਨ। ਇਹ ਪ੍ਰੋਗਰਾਮ 103.5 MHz ਫ੍ਰੀਕੁਐਂਸੀ, ਨਿਊਜ਼ ਓਨ ਏਅਰ ਐਪ ਤੇ ਵੇਵਜ਼ OTT 'ਤੇ ਸੁਣਿਆ ਜਾ ਸਕਦਾ ਏ।

---------------------------------------------------

ਪੰਜਾਬ ਪੁਲਿਸ ਦੇ ਸਟੇਟ ਸਾਈਬਰ ਕ੍ਰਾਈਮ ਡਿਵੀਜ਼ਨ ਨੇ ਅਨਾਜ ਖਰੀਦ ਪੋਰਟਲ ਨਾਲ ਛੇੜਛਾੜ ਕਰਨ ਵਾਲੇ ਚਾਰ ਵਿਅਕਤੀਆਂ ਨੂੰ

ਗ੍ਰਿਫਤਾਰ ਕਰਕੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਭੁਗਤਾਨ ਸਬੰਧੀ ਧੋਖਾਧੜੀ ਦਾ ਪਰਦਾਫਾਸ਼ ਕੀਤਾ ਏ । ਦੱਸਣਯੋਗ ਏ ਕਿ ਉਕਤ ਮੁਲਜ਼ਮ ਕਿਸਾਨਾਂ ਨੂੰ ਕੀਤੀ ਗਈ ਫ਼ਸਲ ਦੀ ਅਦਾਇਗੀ ਨੂੰ ਆਪਣੇ ਖਾਤਿਆਂ ਵਿੱਚ ਟਰਾਂਸਫਰ ਕਰਨ ਦੇ ਅਪਰਾਧ ਵਿੱਚ ਸ਼ਾਮਲ ਸਨ। ਇਹ ਜਾਣਕਾਰੀ ਏ. ਡੀ. ਜੀ. ਪੀ. ਸਾਈਬਰ ਕ੍ਰਾਈਮ ਡਿਵੀਜ਼ਨ ਵੀ. ਨੀਰਜਾ ਨੇ ਦਿੱਤੀ । ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਨੀਸ਼, ਜਸਵੀਰ ਸਿੰਘ, ਅੰਗਰੇਜ ਸਿੰਘ ਅਤੇ ਬਲਵਿੰਦਰ ਸਿੰਘ ਵਜੋਂ ਹੋਈ ਏ । ਪੁਲਿਸ ਟੀਮਾਂ ਨੇ ਧੋਖਾਧੜੀ ਕਰਨ ਲਈ ਵਰਤੇ ਗਏ ਡਿਜੀਟਲ ਉਪਕਰਨ ਤੇ ਰਾਊਟਰ ਵੀ ਬਰਾਮਦ ਕਰ ਲਏ ਨੇ ।

----------------------------------------------------------

ਪੰਜਾਬ ਸਰਕਾਰ ਵਲੋਂ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇਅ ਸਕੂਲਾਂ ਨੂੰ ਰਜਿਸਟਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਏ । ਇਹ ਸਬੰਧੀ ਬਠਿੰਡਾ ਦੇ ਜਿਲ੍ਹਾ ਪ੍ਰੋਗਰਾਮ ਅਫ਼ਸਰ ਪੰਕਜ਼ ਕੁਮਾਰ ਨੇ ਦੱਸਿਆ ਕਿ ਹਰੇਕ ਪਲੇਅ-ਵੇਅ ਸਕੂਲ ਨੂੰ ਰਜਿਸਟਰਡ ਕਰਵਾਉਣਾ ਲਾਜ਼ਮੀ ਏ । ਜ਼ਿਲ੍ਹੇ ਅਧੀਨ ਸਾਰੇ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ

ਵੇਅ ਸਕੂਲਾਂ ਦੀ ਚੈਕਿੰਗ ਕੀਤੀ ਜਾਵੇਗੀ । ਜੇਕਰ ਕੋਈ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇਅ ਸਕੂਲ ਪਾਲਿਸੀ ਦੇ ਮਾਪਦੰਡ ਨੂੰ ਪੂਰਾ ਨਹੀਂ ਕਰਦੇ ਨੇ ਤਾਂ ਉਸ ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

---------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਨਗਰ ਨਿਗਮ ਪਟਿਆਲਾ ਦੇ ਸਹਾਇਕ ਟਾਊਨ ਪਲਾਨਰ (ਏ.ਟੀ.ਪੀ.) ਜਸਪਾਲ ਸਿੰਘ ਤੇ ਪਟਿਆਲਾ ਦੇ ਆਰਕੀਟੈਕਟ ਅਨੀਸ਼ ਖੰਨਾ ਨੂੰ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ । ਇਸ ਸਬੰਧੀ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਨੂੰ ਅਸ਼ੋਕ ਕੁਮਾਰ ਵਾਸੀ ਪਾਤੜਾਂ ਜ਼ਿਲ੍ਹਾ ਪਟਿਆਲਾ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ । ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸਬੰਧੀ ਦੋਵਾਂ ਮੁਲਜ਼ਮਾਂ ਖ਼ਿਲਾਫ਼ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਏ । ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ । ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ ।

---

ਪਰੀਕਸ਼ਾਂ ਪੇ ਚਰਚਾ’ ਤਹਿਤ ਗੁਰਦਾਸਪੁਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਜਗਵਿੰਦਰ ਸਿੰਘ ਵਲੋਂ ਸਕੂਲ ਮੁਖੀਆਂ ਨਾਲ ਆਨ-ਲਾਈਨ ਮੀਟਿੰਗ ਕੀਤੀ ਗਈ, ਜਿਸ ਵਿਚ ਉਹਨਾਂ ਕਿਹਾ ਕਿ ਵਿਦਿਆਰਥੀਆਂ, ਮਾਤਾ-ਪਿਤਾ ਤੇ ਅਧਿਆਪਕਾਂ ਨੂੰ ਵੱਖ-ਵੱਖ ਪ੍ਰੀਖਿਆਵਾਂ ਵਿਚ ਵਿੱਦਿਅਕ ਸਫ਼ਲਤਾ ਹਾਸਲ ਕਰਨ ਤੇ ਦਬਾਅ ਮੁਕਤ ਪ੍ਰੀਖਿਆਵਾਂ ਨੂੰ ਸੁਖਾਲਾ ਬਣਾਉਣ ਲਈ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ `ਪਰੀਕਸ਼ਾਂ ਪੇ ਚਰਚਾ’ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਏ, ਜਿਸ ਤਹਿਤ ਪਹਿਲੇ ਪੜਾਅ ਵਿੱਚ ਛੇਵੀਂ ਤੋਂ ਬਾਹ੍ਰਵੀਂ ਤੱਕ ਦੇ ਵਿਦਿਆਰਥੀ 14 ਜਨਵਰੀ ਤੱਕ ਰਜਿਸਟਰੇਸ਼ਨ ਕਰ ਸਕਦੇ ਨੇ । ਦੂਸਰਾ ਪੜਾਅ 12 ਜਨਵਰੀ ਤੋਂ 23 ਜਨਵਰੀ ਤੱਕ ਹੋਵੇਗਾ । ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵੱਖ ਵੱਖ ਮੁਕਾਬਲਿਆਂ ਵਿਚ ਚੁਣੇ ਗਏ ਵਿਦਿਆਰਥੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰਕੇ `ਪਰੀਕਸ਼ਾਂ ਪੇ ਚਰਚਾ’ ਤਹਿਤ ਆਪਣੇ ਤਜਰਬੇ ਸਾਂਝੇ ਕਰਨਗੇ ।

-----------------------------------------------------------------

ਸੀਤ ਲਹਿਰ ਵਿਚਕਾਰ ਛਾਈ ਸੰਘਣੀ ਧੁੰਦ ਨੇ ਲੋਕਾਂ ਦੀਆਂ ਪਰੇਸ਼ਾਨੀਆਂ ਵਧਾ ਦਿੱਤੀਆਂ ਨੇ ਤੇ ਆਮ ਜਨਜੀਵਨ ਬੁਰੀ ਤਰਾਂ ਪ੍ਰਭਾਵਿਤ ਹੋ ਰਿਹਾ ਏ। ਧੁੰਦ ਨੇ ਸੜਕੀ, ਰੇਲ ਤੇ ਹਵਾਈ ਆਵਾਜਾਈ ਤੇ ਵੀ ਬੁਰਾ ਅਸਰ ਪਾਇਆ ਏ। ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ ਰਾਜਾਸਾਂਸੀ ਵਿਖੇ ਪੁੱਜਣ ਤੇ ਰਵਾਨਾ ਹੋਣ ਵਾਲੀਆਂ ਘਰੇਲੂ ਤੇ ਅੰਤਰਰਾਸ਼ਟਰੀ ਉਡਾਣਾਂ ਪ੍ਰਭਾਵਿਤ ਹੋਈਆਂ ਨੇ। ਸਾਰੀਆਂ ਉਡਾਣਾਂ ਆਪਣੇ ਤੈਅ ਸਮੇਂ ਤੋਂ 1 ਘੰਟੇ ਤੋਂ ਲੈ ਕੇ ਕਰੀਬ 4 ਘੰਟੇ ਤੱਕ ਦੇਰੀ ਨਾਲ ਚੱਲ ਰਹੀਆਂ ਨੇ। ਇਸ ਤੋਂ ਇਲਾਵਾ 3 ਘਰੇਲੂ ਉਡਾਣਾਂ ਰੱਦ ਹੋ ਗਈਆਂ, ਜਿਸ ਕਾਰਨ ਯਾਤਰੀਆਂ ਨੂੰ ਠੰਢ ਵਿੱਚ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ। ਓਧਰ ਜਲੰਧਰ ‘ਚ ਸੰਘਣੀ ਧੁੰਦ ਕਾਰਨ ਦੋ ਬੱਸਾਂ ਆਪਸ ‘ਚ ਟਕਰਾਅ ਗਈਆਂ। ਇਸ ਕਾਰਨ ਕਰੀਬ 2 ਤੋਂ 3 ਯਾਤਰੀ ਜ਼ਖਮੀ ਹੋ ਗਏ। ਇਹ ਘਟਨਾ ਜਲੰਧਰ-ਲੁਧਿਆਣਾ ਹਾਈਵੇ ‘ਤੇ ਫਿਲੌਰ ਕਸਬੇ ਦੇ ਅੰਬੇਡਕਰ ਫਲਾਈਓਵਰ ‘ਤੇ ਵਾਪਰੀ।